**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਹਰਧੀਰ ਸਿੰਘ 9216165508
ਮਕਾਨ ਨੰ: 508 ਫੇਸ 9 ਮੁਹਾਲੀ । ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਰਿਜਨਲ ਟਰਾਂਸਪੋਰਟ ਅਥਾਰਟੀ, ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਪੰਜਾਬ ਸਟੇਟ ਟਰਾਂਸਪੋਰਟ ਕਮਿਸ਼ਨਰ ਸੈਕਟਰ 17 ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3600/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-06-2019, ਲੋਕ ਸੂਚਨਾ ਅਧਿਕਾਰੀ ਰਿਜਨਲ ਟਰਾਂਸਪੋਰਟ ਅਥਾਰਟੀ, ਜੰਲਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ: 6/4/07-1ਅ1/895 ਮਿਤੀ 16-01-2019 ਦੇ ਇਵਜ਼ ਵਿਚ ਸਰਬਜੀਤ ਸਿੰਘ ਮਿਨਹਾਸ ਵਲੋ 09-03-2019 ਨੂੰ ਰਜਿਸਟਰ ਪੱਤਰ ਭੇਜਿਆ ਸੀ ਇਸ ਪੱਤਰ ਸਬੰਧੀ ਕਾਰਵਾਈ ਕਰਨ ਲਈ ਸ੍ਰੀ ਕੁਲਦੀਪ ਸਿੰਘ ਅਤੇ ਸ੍ਰੀ ਲੱਛਮਣ ਸਿੰਘ ਸੁਪਰਡੰਟ ਵਲੋਂ ਕੀਤੀ ਗਈ ਨੋਟਿੰਗ ਦੀ ਕਾਪੀ ਅਤੇ ਡਾਇਰੈਕਟਰ ਸਾਹਿਬ ਵਲੋਂ ਕੀਤੇ ਹੁਕੱਮਾਂ ਦੇ ਨਾਲ ਨਾਲ ਹੋਰ ਕਰਮਚਾਰੀਆਂ ਨਾਲ ਸਬੰਧਤ 13 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਸ੍ਰੀ ਹਰਧੀਰ ਸਿੰਘ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵਲੋਂ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਾ ਹਾਜ਼ਰ ਹੋਣਾ ਬਣਦਾ ਸੀ ਪਰ ਉਹ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਉੱਤਰਦਾਤਾ ਅਗਲੀ ਨਿਸਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰੇ ਕਿ ਉਹ ਤਾਰੀਖ ਤੇ ਹਾਜ਼ਰ ਕਿਉਂ ਨਹੀਂ ਹੋਇਆ ਅਤੇ ਅਪੀਲਕਰਤਾ ਨੂੰ ਅੱਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਮਿਤੀ 26-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਨਵੰਬਰ , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜ ਕੁਮਾਰ 9417032635
144 ਸਨ ਸਿਟੀ ਅਮਲੋਹ ਰੋਡ ਖੰਨਾ,
ਜਿਲਾ ਲੁਧਿਆਣਾ। ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਡਿਪਟੀ ਡਾਇਰੈਕਟਰ ਲੋਕਲ ਬੋਡੀਜ (ਅਰਬਨ) ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ ,
ਡਾਇਰੈਕਟਰ ਲੋਕਲ ਬੋਡੀਜ ਪੰਜਾਬ,ਚੰਡੀਗੜ। ਉੱਤਰਦਾਤਾ

**ਅਪੀਲ ਕੇਸ ਨੰ: 3604/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਮਿਤ ਜ਼ੋਸ਼ੀ, ਸੀਨੀਅਰ ਸਹਾਇਕ (99154-21732)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-07-2019, ਲੋਕ ਸੂਚਨਾ ਅਧਿਕਾਰੀ ਡਿਪਟੀ ਡਾਇਰੈਕਟਰ ਲੋਕਲ ਬੋਡੀਜ (ਅਰਬਨ) ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਪ੍ਰਤੀਬੇਨਤੀ ਮਿਤੀ 25-07-2018 ਜ਼ੋ ਉਸ ਨੇ ਡੀ.ਸੀ.ਲੁਧਿਆਣਾ ਨੂੰ ਲਿਖੀ ਸੀ ਤੇ ਵੈਲਫੇਅਰ ਸੋਸਾਇਟੀ ਖੰਨਾ ਵਿਰੁੱਧ ਲਿਖੀ ਕੰਪਲੇਟ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਸ੍ਰੀ ਰਾਜ ਕੁਮਾਰ, ਹਾਜ਼ਰ ਹੋਇਆ ਉਸ ਵਲੋਂ ਦਸਿਆ ਗਿਆ ਕਿ ਉਸਨੂੰ ਸਹੀ ਜਾਣਕਾਰੀ ਨਹੀਂ ਦਿਤੀ ਜਾ ਰਹੀ। ਇਸ ਲਈ ਮੰਗੀ ਗਈ ਜਾਣਕਾਰੀ ਮੁਹੱਈਆ ਕਰਵਾਈ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰਮਿਤ ਜ਼ੋਸ਼ੀ, ਸੀਨੀਅਰ ਸਹਾਇਕ ਹਾਜ਼ਰ ਹੋਇਆ ਉਸ ਵਲੋਂ ਪੱਤਰ ਨੰ: ਡਡਸਸ-ਪੀ.ਆਈ.ਓ. /2019/26028 ਮਿਤੀ 21-10-2019 ਸਹਿ ਪੱਤਰਾਂ ਸਹਿਤ ਪੇਸ਼ ਕੀਤਾ ਗਿਆ ਜ਼ੋ ਕਿ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਅਪੀਲਕਰਤਾ ਨੂੰ ਉਤਾਰਾ ਭੇਜਿਆ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਉੱਤਰਦਾਤਾ ਵਲੋਂ ਪੇਸ਼ ਕੀਤੇ ਪੱਤਰ ਮਿਤੀ 21-10-2019 ਨਾਲ ਸਹਿ ਪੱਤਰਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਮਿਤੀ 09-07-2019 ਨੂੰ ਇਕ ਬਿਨੈ ਪੱਤਰ ਡੀ.ਸੀ.ਲੁਧਿਆਣਾ ਨੂੰ ਲਿਖਿਆ ਸੀ ਜਿਸ ਰਾਹੀਂ ਵੈਲਫੇਅਰ ਸੋਸਾਇਟੀ ਖੰਨਾ ਵਿਰੁੱਧ ਲਿਖੀ ਕੰਪਲੇਟ ਨਾਲ ਸਬੰਧਤ 11 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ । ਇਸ ਸਬੰਧੀ ਉੱਤਰਦਾਤਾ ਵਲੋਂ ਪੱਤਰ ਮਿਤੀ 19-07-2019 ਰਾਹੀਂ ਦਸਤਾਵੇਜ਼ਾਂ ਸਹਿਤ ਜਵਾਬ ਮੁਹੱਈਆ ਕਰਵਾ ਦਿੱਤਾ ਗਿਆ ਸੀ ਅਤੇ ਹੁਣ ਮੁੜ ਉਕਤ ਪੱਤਰ ਮਿਤੀ 21-10-2019 ਰਾਹੀਂ ਵਿਸਥਾਰਪੂਰਵਕ ਉੱਤਰ ਦਿੱਤਾ ਗਿਆ ਹੈ ਕਿ ਕਾਰਵਾਈ ਚੱਲ ਰਹੀ ਹੈ। ਕਮਿਸ਼ਨ ਉੱਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਨਵੰਬਰ , 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵੀ ਕਾਂਤ
ਕ੍ਰਿਸ਼ਨਾ ਬਜਾਰ ਵਾਰਡ ਨੰ 4 ਧਾਰੀਵਾਲ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਈ.ਓ. ਨਗਰ ਕਾਉਂਸਿਲ ਧਾਰੀਵਾਲ।

ਪਹਿਲੀ ਅਪੀਲੀ ਅਥਾਰਟੀ ਕਮ ਡਿਪਟੀ ਕਮਿਸ਼ਨਰ ਗੁਰਦਾਸਪੁਰ। --------ਉੱਤਰਦਾਤਾ

**ਅਪੀਲ ਕੇਸ ਨੰ: 3607/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰੂਪ ਲਾਲ , ਕਲਰਕ ( 88724-08809)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-01-2019, ਲੋਕ ਸੂਚਨਾ ਅਧਿਕਾਰੀ ਈ.ਓ. ਨਗਰ ਕਾਉਂਸਿਲ ਧਾਰੀਵਾਲ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਹੀਨਾ 4/2014 ਤੋਂ 7/2017 ਸਮੇ ਦੀ ਲੇਖਾ ਪ੍ਰੀਖਿਆ ਨਾਲ ਸਬੰਧਤ 03 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ.ਰਾਹੀਂ ਸੂਚਿਤ ਕੀਤਾ ਗਿਆ ਕਿ ਉਸਦੀ ਤਬੀਅਤ ਖਰਾਬ ਹੈ ਇਸ ਲਈ ਉਹ ਹਾਜ਼ਰ ਨਹੀਂ ਹੋ ਸਕਦਾ, ਇਸ ਲਈ ਉਸਨੂੰ ਹਾਜ਼ਰੀ ਤੋਂ ਛੁੱਟ ਦਿੱਤੀ ਜਾਵੇ। ਇਸ ਦੇ ਨਾਲ ਹੀ ਦਸਿਆ ਗਿਆ ਕਿ ਨਗਰ ਕੌਂਸਲ ਧਾਰੀਵਾਲ ਵਲੋਂ 110 ਪੇਜਾਂ ਦਾ ਰਿਕਾਰਡ ਪੈਰਾ 1 ਦਾ ਦਿੱਤਾ ਗਿਆ ਅਤੇ ਪੈਰਾ 2 ਦੀ ਕੋਈ ਲਿਖਤੀ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਰੂਪ ਲਾਲ , ਕਲਰਕ ਹਾਜ਼ਰ ਹੋਇਆ ਉਸ ਵਲੋਂ ਇਕ ਪੱਤਰ ਨੰ: 3103 ਮਿਤੀ 04-11-2019 ਪੇਸ਼ ਕੀਤਾ ਗਿਆ। ਜਿਸ ਅਨੁਸਾਰ ਜਿਹੜੀ ਜਾਣਕਾਰੀ ਅਪੀਲਕਰਤਾ ਨੂੰ 04-11-2019 ਨੂੰ ਭੇਜੀ ਗਈ ਹੈ ਓਹੁ ਉਸਤੋਂ ਰਸੀਵ ਕਰਵਾਈ ਹੋਈ ਹੈ। ਉੱਤਰਦਾਤਾ ਵਲੋਂ ਦਾਹਵਾ ਕੀਤਾ ਗਿਆ ਕਿ ਅਪੀਲਕਰਤਾ ਨੂੰ ਸਾਰੀ ਜਾਣਕਾਰੀ ਦੇ ਦਿੱਤੀ ਗਈ ਹੈ ਅਤੇ ਉਸ ਸੰਤੁਸ਼ਟ ਹੈ।

4. ਅਪੀਲਕਰਤਾ ਵਲੋਂ ਅੱਜ ਦੀ ਤਾਰੀਖ ਤੇ ਛੋਟ ਮੰਗੀ ਅਤੇ ਪਤਰ ਵਿਚ ਲਿਖਿਆ ਗਿਆ ਹੈ ਕਿ ਨਗਰ ਨਿਗਮ ਵਲੋਂ ਪੈਰਾ 1 ਦੀ ਸੂਚਨਾ ਦੇ ਦਿੱਤੀ ਗਈ ਹੈ ਪੈਰਾ ਨੰ: 2 ਦੀ ਕੋਈ ਲਿਖਤੀ ਸੂਚਨਾ ਨਹੀਂ ਦਿੱਤੀ ਗਈ । ਅੱਜ ਦੀ ਪੇਸ਼ੀ ਤੋਂ ਛੋਟ ਮੰਗੀ ਗਈ ਹੈ। ਆਰ.ਟੀ.ਆਈ. ਮੁਤਾਬਿਕ ਜ਼ੋ ਰਿਕਾਰਡ ਉੱਤਰਦਾਤਾ ਦੇ ਕਬਜੇ ਵਿਚ ਹੁੰਦਾ ਹੈ ਉਹ ਹੀ ਦੇਣਾ ਹੁੰਦਾ ਹੈ, ਜਿਸ ਬਾਰੇ ਉਸ ਨੇ ਸਪੱਸ਼ਟ ਉੱਤਰ ਦਿੱਤਾ ਹੈ ਕਿ ਜ਼ੋ ਉਸ ਨੇ ਜਵਾਬ ਸਵਾਲ ਕੀਤੇ ਹਨ ਜਿਸਦਾ ਜਵਾਬ ਆਰ.ਟੀ.ਆਈ. ਅਨੁਸਾਰ ਨਹੀਂ ਦਿੱਤਾ ਜਾਣਾ। ਇਸ ਤਰ੍ਹਾਂ ਉੱਤਰਦਾਤਾ ਦਾ ਉੱਤਰ ਠੀਕ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 07 ਨਵੰਬਰ , 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਚਰਨ ਸਿੰਘ 9781450880
ਮਕਾਨ ਨੰ: 359 ਰਵੀਦਾਸ ਪੁਰਾ ਸਮਰਾਲਾ ਚੋਂਕ,
ਚੰਡੀਗੜ ਰੋਡ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਐਮ.ਸੀ. ਜ਼ੋਨ ਬੀ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ ਕਮ ਕਮਿਸ਼ਨਰ ਐਮ.ਸੀ. ਜ਼ੋਨ ਬੀ ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ 3615/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਬਦੂਲ ਸਤਾਰ,ਸੁਪਰਡੰਟ (96461-41633)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-03-2019 , ਲੋਕ ਸੂਚਨਾ ਅਧਿਕਾਰੀ ਦਫਤਰ ਐਮ.ਸੀ. ਜ਼ੋਨ ਬੀ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਅਸੈਸਮੈਟ ਫਾਰਮ (ਪ੍ਰਾਪਰਟੀ ਟੈਕਸ) 2013-14 ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸਨੂੰ ਕੋਈ ਜਾਣਕਾਰੀ ਨਹੀਂ ਦਿੱਤੀ ਜਾ ਰਹੀ। ਉਸ ਵਲੋਂ ਅਸੈਸਮੈਟ ਫਾਰਮ (ਪ੍ਰਾਪਰਟੀ ਟੈਕਸ) 2013-14 ਸਬੰਧੀ ਸੂਚਨਾ ਮੰਗੀ ਗਈ ਸੀ ਜ਼ੋ ਅੱਜੇ ਤੱਕ ਨਹੀਂ ਦਿੱਤਾ ਗਿਆ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਅਬਦੂਲ ਸਤਾਰ,ਸੁਪਰਡੰਟ ਵਲੋਂ ਪੱਤਰ ਨੰ: 18/ਪੀ.ਆਈ.ਓ./ਆਰ.ਟੀ.ਆਈ. ਬੀ.ਪੀ. ਮਿਤੀ 31-10-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਕਮਿਸ਼ਨ ਨੂੰ ਉੱਤਾਰਾ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਜ਼ੋ ਸੂਚਨਾ ਮੰਗੀ ਗਈ ਉਸ ਸਬੰਧੀ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਰਾਹੀਂ ਦਸਿਆ ਗਿਆ ਹੈ ਕਿ ਉਸ ਵਲੋਂ ਪ੍ਰਾਪਰਟੀ ਟੈਕਸ ਦੇ ਸੈਲਫ ਅਸੈਸਮੈਟ ਦੇ ਫਾਰਮ ਦੀ ਮੰਗ ਕੀਤੀ ਹੈ, ਜਿਸ ਸਬੰਧੀ ਉਨ੍ਹਾਂ ਵਲੋਂ ਉਸ ਨੂੰ ਪੱਤਰ ਮਿਤੀ 02-08-2019 ਰਾਹੀਂ ਜਵਾਬ ਭੇਜਿਆ ਕਿ ਇਹ ਫਾਰਮ ਦਫਤਰੀ ਰਿਪੋਰਟਾਂ ਅਨੁੋਸਾਰ ਟਰੇਸ ਨਹੀਂ ਹੋ ਸਕਿਆ, ਪਰ ਫਿਰ ਵੀ ਸੈਲਫ ਅਸੈਸਮੈਟ ਦੇ ਆਧਾਰ ਤੇ ਜਮ੍ਹਾਂ ਕਰਵਾਈ ਗਏ ਪ੍ਰਾਪਰਟੀ ਟੈਕਸ ਸਾਲ 2013-14 ਤੋਂ ਸਾਲ 2019-20 ਤੱਕ ਦੀਆਂ ਕੰਪਿਊਟਰਾਇਜ਼ ਰਸੀਦਾਂ ਦੇ ਦਿੱਤੀਆਂ ਗਈਆਂ ਹਨ। ਅਪੀਲਕਰਤਾ ਵਲੋਂ ਫਾਰਮ ਮੰਗਿਆ ਗਿਆ ਜੋ ਦਫਤਰੀ ਰਿਕਾਰਡ ਵਿਚ ਟਰੇਸ ਨਹੀਂ ਹੋ ਸਕਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਉਹ ਅਗਲੀ ਨਿਸਚਿਤ ਮਿਤੀ ਤੇ ਆਪਣਾ ਐਫਿਡੈਵਿਟ ਪੇਸ਼ ਕਰਨ ਕਿ ਮੰਗਿਆ ਗਿਆ ਫਾਰਮ ਉਨ੍ਹਾਂ ਦੇ ਰਿਕਾਰਡ ਵਿਚ ਨਹੀਂ ਹੈ। ਇਸ ਹਦਾਇਤ ਨਾਲ **ਇਹ ਕੇਸ ਅਗਲੀ ਸੁਣਵਾਈ ਮਿਤੀ 21-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 07 ਨਵੰਬਰ , 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਸਿੰਘ (ਮੋਬ: 94170-16572)
ਪੁੱਤਰ ਸ਼੍ਰੀ ਅਜੀਤ ਸਿੰਘ,
ਮਕਾਨ ਨੰ:23, ਆਤਮ ਨਗਰ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 947/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਪਿਛਲੀ ਪੇਸ਼ੀ, ਮਿਤੀ 17-10-2019 ਨੂੰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਲੁਧਿਆਣਾ (ਦੱਖਣੀ) ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ (ਦੱਖਣੀ) ਨੂੰ ਇੱਕ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਲਗਾਤਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

3. ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਪੇਸ਼ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਜਦੋਂ ਕਿ ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ (ਦੱਖਣੀ) ਨੂੰ ਇੱਕ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਦੀ ਸਥਿਤੀ ਸਪੱਸ਼ਟ ਕੀਤੀ ਜਾਵੇ ਅਤੇ ਲਗਾਤਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ (ਦੱਖਣੀ) ਲੁਧਿਆਣਾ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ। ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 02-12-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

(ਰਜਿਸਟਰਡ) 1. **ਉਪ ਮੰਡਲ ਮੈਜਿਸਟਰੇਟ (ਦੱਖਣੀ) ਲੁਧਿਆਣਾ**
ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਲੁਧਿਆਣਾ (ਦੱਖਣੀ)
2. ਡਿਪਟੀ ਕਮਿਸ਼ਨਰ, ਲੁਧਿਆਣਾ, ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਅਜੈ ਕੁਮਾਰ 8146548104
ਮਕਾਨ ਨੰ ਏ-1346 ਗਲੀ ਨੰ 1,
ਰਾਧਾ ਸਵਾਮੀ ਕਲੋਨੀ ਫਾਜਿਲਕਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਰਜਿਸਟਰਾਰ ਆਫ ਫਰਮਜ ਐਂਡ
ਸੁਸਾਇਟੀਜ ਪੰਜਾਬ,ਚੰਡੀਗੜ।

ਪਹਿਲੀ ਅਪੀਲੀ ਅਥਾਰਟੀ ,
ਰਜਿਸਟਰਾਰ ਆਫ ਫਰਮਜ ਐਂਡ
ਸੁਸਾਇਟੀਜ ਪੰਜਾਬ,ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ: 3399/2019**

**ਹਾਜ਼ਰ:**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਲਾਲ ਪ੍ਰੀਤ ਸਿੰਘ, ਕਲਰਕ (94643-672264) ਅਤੇ ਸ੍ਰੀ ਸਤਨਾਮ ਸਿੰਘ, ਸੀਨਅਰ ਸਹਾਇਕ (98506-11320)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-06-2019, ਲੋਕ ਸੂਚਨਾ ਅਧਿਕਾਰੀ, ਰਜਿਸਟਰਾਰ ਆਫ ਫਰਮਜ ਐਂਡ ਸੁਸਾਇਟੀਜ ਪੰਜਾਬ,ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਹਰਪ੍ਰਸ਼ਾਦ ਜੈਨ ਵਿੱਦਿਆ ਪ੍ਰਚਾਰਨੀ ਸਭਾ ਸ੍ਰੀ ਜੈਨ ਐਲੀਮੈਂਟਰੀ ਪ੍ਰਾਇਮਰੀ ਸਕੂਲ ਫਾਜਿਲਕਾ ਨਾਲ ਸਬੰਧਤ 03 ਨੁੱਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 17-10-2019 ਨੂੰ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਦਲਵੀਰ ਸਿੰਘ, ਕਲਰਕ ਅਤੇ ਸਤਨਾਮ ਸਿੰਘ,ਸਹਾਇਕ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਰਜਿਸ਼ਟਰੇਸ਼ਨ ਨੰਬਰ ਅਤੇ ਸਾਲ ਨਹੀਂ ਦਸਿਆ ਗਿਆ। ਇਸ ਤੋਂ ਇਲਾਵਾ ਸਟਾਫ ਦੀ ਹੜਤਾਲ ਕਾਰਨ ਰਿਕਾਰਡ ਨਹੀਂ ਮਿਲ ਸਕਿਆ ਇਸ ਲਈ ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ। ਉੱਤਰਦਾਤਾ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰ ਉਸ ਵਲੋਂ ਈ.ਮੇਲ. ਮਿਤੀ 06-11-2019 ਰਾਹੀਂ ਬੇਨਤੀ ਕੀਤੀ ਕਿ ਉਹ ਜ਼ਰੂਰੀ ਕੰਮ ਕਾਰਨ ਹਾਜ਼ਰ ਨਹੀਂ ਹੋ ਸਕਦਾ।ਇਸ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਲਾਲ ਪ੍ਰੀਤ ਸਿੰਘ, ਕਲਰਕ ਅਤੇ ਸ੍ਰੀ ਸਤਨਾਮ ਸਿੰਘ, ਸੀਨਅਰ ਸਹਾਇਕ ਹਾਜ਼ਰ ਹੋਏ।ਉਨ੍ਹਾਂ ਵਲੋਂ ਸਹਾਇਕ ਲੋਕ ਸੂਚਨਾ ਅਫਸਰ ਦਾ ਪੱਤਰ ਨੰ: ਰਫਸ/ਅਪੀਲ ਨੰ: 3399/2019/4105 ਮਿਤੀ 06-11-2019 ਪੇਸ਼ ਕੀਤਾ ਗਿਆ ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਸੂਚਨਾ ਹਿੱਤ

ਪਰਤੋ ਜੀ------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3399/2019

ਕਮਿਸ਼ਨ ਨੂੰ ਭੇਜਦੇ ਹੋਏ ਲਿਖਿਆ ਗਿਆ ਹੈ ਕਿ ਪ੍ਰਾਰਥੀ ਵਲੋਂ ਸੰਬਧਤ ਸੁਸਾਇਟੀ ਦਾ ਰਜਿਸਟਰੇਸ਼ਨ ਨੰਬਰ ਅਤੇ ਸਾਲ ਦਰਸਾਉਣ ਉਪਰੰਤ ਸੂਚਨਾ ਸਪਲਾਈ ਕਰ ਦਿੱਤੀ ਜਾਵੇਗੀ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਵਲੋਂ ਕੀਤੀ ਗਈ ਬੇਨਤੀ ਦੇ ਨਾਲ ਨਾਲ ਉੱਤਰਦਾਤਾ ਵਲੋਂ ਪੇਸ਼ ਕੀਤਾ ਗਿਆ ਉਕੱਤ ਪੱਤਰ ਮਿਤੀ 06-11-2019 ਘੋਖਿਆ ਗਿਆ ਹੈ।ਅਪੀਲਕਰਤਾ ਵਲੋਂ ਇਸ ਕੇਸ ਵਿਚ ਮੰਗੀ ਗਈ ਸੂਚਨਾ ਨਾਲ ਸਬੰਧਤ ਸੁਸਾਇਟੀ ਦੀ ਰਜਿਸਟਰੇਸ਼ਨ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਰਿਕਾਰਡ ਮੈਨੂਅਲ ਹੋਣ ਕਾਰਨ ਉੱਤਰਦਾਤਾ ਵਲੋਂ ਸੁਸਾਇਟੀ ਦਾ ਰਜਿਸਟਰੇਸ਼ਨ ਨੰਬਰ ਅਤੇ ਸਾਲ ਪੁਛਿਆ ਗਿਆ ਸੀ ਤਾਂ ਜ਼ੋ ਸੂਚਨਾ ਸਪਲਾਈ ਕੀਤੀ ਜਾ ਸਕੇ। ਪਰ ਅਪੀਲਕਰਤਾ ਵਲੋਂ ਰਜਿਸਟਰੇਸ਼ਨ ਨੰਬਰ ਅਤੇ ਸਾਲ ਨਹੀਂ ਦਸਿਆ ਗਿਆ ਜਿਸ ਕਾਰਨ ਉੱਤਰਦਾਤਾ ਵਲੋਂ ਲਿਖਿਆ ਗਿਆ ਹੈ ਕਿ ਪ੍ਰਾਰਥੀ ਵਲੋਂ ਰਜਿਸਟਰੇਸ਼ਨ ਨੰਬਰ ਅਤੇ ਸਾਲ ਦਰਸਾਉਣ ਉਪਰੰਤ ਸੂਚਨਾ ਸਪਲਾਈ ਕਰ ਦਿੱਤੀ ਜਾਵੇਗੀ। ਕਮਿਸ਼ਨ ਉੱਤਰਦਾਤਾ ਵਲੋਂ ਦਿੱਤੇ ਗਏ ਉੱਤਰ ਤੋਂ ਸੰਤੁਸ਼ਟ ਹੈ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਨਵੰਬਰ , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਖਵਿੰਦਰ ਸਿੰਘ, (97888761378)
ਪੁੱਤਰ ਸ਼੍ਰੀ ਲਾਲ ਸਿੰਘ,
ਵਾਰਡ ਨੰ:3/112, ਸੰਗਤ ਨਗਰ,
ਧੂਰੀ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ ਪਲਿਸ,
ਪਟਿਆਲਾ ਜ਼ੋਨ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2939/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਦੀਪ ਸਿੰਘ, ਏ.ਐਸ.ਆਈ.(80564-01113)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 29-11-2018 ਤੋਂ ਪਿਛਲੇ ਸਾਲਾਂ ਤੋਂ ਲੈ ਕੇ ਸੂਚਨਾ ਜਾਰੀ ਕਰਨ ਦੇ ਸਮੇਂ ਤੱਕ ਸ਼੍ਰੀ ਸਤਵੀਰ ਸਿੰਘ ਵੱਲੋਂ ਮਿਤੀ 15-01-2019 ਤੋਂ ਪਹਿਲਾਂ ਅਪੀਲਕਰਤਾ ਵਿੱਰੁਧ ਦਿੱਤੀ ਗਈ ਸ਼ਿਕਾਇਤ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 03-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

ਪਿਛਲੀ ਪੇਸ਼ੀ, ਮਿਤੀ 17-10-2019 ਨੂੰ ਅਪੀਲਕਰਤਾ ਸ਼੍ਰੀ ਸੁਖਵਿੰਦਰ ਸਿੰਘ ਹਾਜ਼ਰ ਹੋਇਆ ਉਸ ਵਲੋਂ ਆਪਣਾ ਪੱਤਰ ਮਿਤੀ 05-10-2019 ਪੇਸ਼ ਕੀਤਾ ਗਿਆ ਜੋ ਕਿ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਸੀ। ਇਸ ਪੱਤਰ ਵਿਚ ਦਸਿਆ ਗਿਆ ਸੀ ਕਿ ਲੋਕ ਸੂਚਨਾ ਅਧਿਕਾਰੀ ਉਸ ਵਲੋਂ ਮੰਗੀ ਗਈ ਸੂਚਨਾ ਦੇਣ ਵਿਚ ਟਾਲਾ ਵੱਟਦੇ ਹੋਏ ਸੂਚਨਾ ਮੁਹੱਈਆ ਨਹੀਂ ਕਰਵਾ ਰਿਹਾ । ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਦਿੱਤੀਆਂ ਗਈਆਂ ਦਲੀਲਾਂ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਲੋਕ ਸੂਚਨਾ ਅਧਿਕਾਰੀ ਵਲੋਂ ਸ਼੍ਰੀ ਸਤਵੀਰ ਸਿੰਘ ਦੀ ਅਰਜੀ ਮਿਤੀ 15-01-2019 ਅਤੇ ਰਾਜੀਨਾਮੇ ਦੀ ਕਾਪੀ ਹੀ ਪੇਸ਼ ਕੀਤੀ ਅਤੇ ਦਸਿਆ ਗਿਆ ਇਸ ਤੋਂ ਇਲਾਵਾ ਹੋਰ ਰਿਕਾਰਡ ਥਾਣਾ ਵਿਖੇ ਮੌਜੂਦ ਨਹੀਂ ਹੈ। ਇਸ ਕੇਸ ਵਿਚ ਤਰੁੱਟੀਆਂ ਦਰਜ਼ ਕਰਾਉਣ ਲਈ ਲਿਖਿਆ ਗਿਆ ਸੀ। ਜਵਾਬ ਦਿੱਤਾ ਗਿਆ ਕਿ ਮਿਤੀ 15-01-2019 ਤੋਂ ਪਹਿਲਾਂ ਦੀ ਕੋਈ ਦਰਖਾਸਤ ਅਪੀਲਕਰਤਾ ਵਲੋਂ ਨਹੀਂ ਦਿੱਤੀ ਗਈ ਜਿਸ ਵਿਚ ਉਸ ਵਲੋਂ ਰਾਜ਼ੀਨਾਮਾਂ ਦਿੱਤਾ ਗਿਆ ਹੋਵੇ। ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਸੀ ਕਿ ਅਪੀਲਕਰਤਾ ਵਲੋਂ ਮਿਤੀ 15-01-2019 ਤੋਂ ਪਹਿਲਾਂ ਕੋਈ ਦਰਖਾਸਤ ਦਿੱਤੀ ਗਈ ਸੀ ਜਾਂ ਨਹੀਂ, ਕਿਉਂਜੋ ਉਸਨੂੰ ਇਤਰਾਜ਼ ਹੈ ਕੀ ਮਹਿਕਮੇ ਵਲੋਂ ਗੋਰ ਨਾਲ ਨਹੀਂ ਵੇਖਿਆ ਗਿਆ। ਇਸ ਲਈ ਉਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਦੀ ਮਿਤੀ ਤੋਂ ਪਹਿਲਾਂ ਪਹਿਲਾਂ ਅਪੀਲਕਰਤਾ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਅਗਲੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਈ.ਮੇਲ ਰਾਹੀਂ ਪ੍ਰਾਪਤ ਪੱਤਰ ਮਿਤੀ 06-11-2019 ਰਾਹੀਂ ਦਸਿਆ ਗਿਆ ਸੀ ਕਿ ਉਸਨੂੰ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਦੀਪ ਸਿੰਘ, ਏ.ਐਸ.ਆਈ. ਹਾਜ਼ਰ ਹੋਇਆ, ਉਸ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2939/2019

ਵਲੋਂ ਪੱਤਰ ਨੰ: 84-ਅਪੀਲ ਆਰ.ਟੀ.ਆਈ. ਮਿਤੀ 02-11-2019 ਸਹਿ ਪੱਤਰ ਨੰ: 3103/5ਏ ਮਿਤੀ 01-11-2019 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਅਪੀਲਕਰਤਾ ਨੂੰ ਉੱਤਾਰਾ ਕੀਤਾ ਗਿਆ ਹੈ।ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਨੂੰ ਘੋਖਣ ਤੇ ਪਾਇਆ ਗਿਆ ਕਿ ਅਪੀਲਕਰਤਾ ਵਲੋਂ ਜ਼ੋ ਸੂਚਨਾ ਮੰਗੀ ਗਈ ਸੀ ਉਸ ਸਬੰਧੀ ਅੱਜ ਪੇਸ਼ੀ ਤੇ ਹਾਜ਼ਰ ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਦਸਤਾਵੇਜ਼ਾਂ ਨਾਲ ਨੱਥੀ ਪੱਤਰ ਮਿਤੀ 1-11-2019 ਅਨੁਸਾਰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਕਮਿਸ਼ਨ ਉੱਤਰਦਾਤਾ ਵਲੋਂ ਦਿੱਤੇ ਗਏ ਉੱਤਰ/ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 07 **ਨਵੰਬਰ** , 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਵਿਨੋਦ ਕੁਮਾਰ ਖੁਰਾਨਾ ਐਡਵੋਕੇਟ 9988805570
ਪਤਾ: 110 ,ਸ਼ਿਵਾਲਿਕ ਇੰਨਕਲੇਵ ਮਨੀਮਾਜਰਾ।ਚੰਡੀਗੜ੍ਹ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ।
17 ਬੇਜ਼ ਬਿਲਡਿੰਗ ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ ਦਫਤਰ ਭੌ ਪਰਾਪਤੀ ਕੁਲੈਕਟਰ
ਇੰਡਸਟਰੀਜ ਪੰਜਾਬ, 17 ਬੇਜ਼ ਬਿਲਡਿੰਗ ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 3381/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ ਸੀਨੀਅਰ ਸਹਾਇਕ (95922-60971)ਅਤੇ ਮੁਕੇਸ਼ ਸ਼ਰਮਾਂ, ਕਲਰਕ (88473-56834)

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 17-10-2019 ਨੂੰ ਅਪੀਲਕਰਤਾ ਨੇ ਹਾਜ਼ਰ ਹੋ ਕੇ ਦਸਿਆ ਸੀ ਕਿ ਜ਼ੋ ਜਾਣਕਾਰੀ ਦਿੱਤੀ ਗਈ ਹੈ ਉਹ ਅਧੂਰੀ ਹੈ। ਉਸ ਵਲੋਂ 03 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ ਪਰ ਉਸਨੂੰ ਨੁਕਤਾ ਨੰਬਰ 01 ਅਤੇ 03 ਦੀ ਸੂਚਨਾ ਨਹੀਂ ਦਿੱਤੀ ਗਈ ਜਦੋਂ ਕਿ ਨੁਕੱਤਾ ਨੰ:02 ਸਬੰਧੀ ਜ਼ੋ ਸੂਚਨਾ ਦਿੱਤੀ ਗਈ ਹੈ ਉਹ 01-04-2018 ਤੋਂ ਹੁਣ ਤੱਕ ਦੀ ਸੂਚਨਾ ਦੀ ਮੰਗ ਕੀਤੀ ਗਈ ਸੀ ਪਰ ਉਸਨੂੰ ਮਿਤੀ 12-11-2018 ਤੋਂ ਬਾਅਦ ਦੀ ਸੂਚਨਾ ਦਿੱਤੀ ਗਈ ਹੈ ਅਤੇ ਮਿਤੀ 01-04-2018 ਤੋਂ 12-11-2018 ਤੱਕ ਦੀ ਸੂਚਨਾ ਨਹੀਂ ਦਿੱਤੀ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਸੰਜੀਵ ਵੈਦ, ਸੀਨੀਅਰ ਸਹਾਇਕ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਪੂਰੀ ਜਾਣਕਾਰੀ ਨਹ੍ਹੀ ਦਿੱਤੀ ਗਈ ਕਿਉਂਜੋ ਡੀਲਿੰਗ ਹੈਂਡ ਨਹੀਂ ਹੈ। ਇਸ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜਾਣਕਾਰੀ 10 ਦਿਨਾਂ ਦੇ ਅੰਦਰ ਅੰਦਰ ਭੇਜੀ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਉੱਤਰਦਾਤਾ ਵਲੋਂ ਦਿੱਤੀ ਗਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ ਨੂੰ ਸਿੱਧੇ ਤੌਰ ਤੇ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਦਫਤਰ ਭੌ ਪਰਾਪਤੀ ਕੁਲੈਕਟਰ ਇੰਡਸਟਰੀਜ ਪੰਜਾਬ,ਚੰਡੀਗੜ੍ਹ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਨ੍ਹਾਂਨੂੰ ਅਪੀਲਕਰਤਾ ਵਲੋਂ ਦੱਸੀਆਂ ਤਰੁੱਟੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਨੂੰ ਤਰੁੱਟੀਆਂ ਸਬੰਧੀ ਪੱਤਰ ਭੇਜ਼ ਦਿੱਤਾ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ ਸੀਨੀਅਰ ਸਹਾਇਕ ਅਤੇ ਮੁਕੇਸ਼ ਸ਼ਰਮਾਂ, ਕਲਰਕ ਵਲੋਂ ਦਸਿਆ ਗਿਆ ਕਿ ਉਨ੍ਹਾਂ ਨੂੰ ਅਪੀਲਕਰਤਾ ਪਾਸੋਂ ਕੋਈ ਤਰੁੱਟੀਆਂ ਪ੍ਰਾਪਤ ਨਹੀਂ ਹੋਈਆਂ।

4. ਅਪੀਲਕਰਤਾ ਵਲੋਂ ਪੇਸ਼ੀ ਦੌਰਾਨ ਉੱਤਰਦਾਤਾ ਦੇ ਨੁਮਾਇੰਦਿਆਂ ਨੂੰ ਪਾਈਆਂ ਗਈਆਂ ਤਰੁੱਟੀਆਂ ਸਬੰਧੀ ਪੱਤਰ ਦਸਤੀ ਦੇ ਦਿੱਤਾ ਗਿਆ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਦੱਸੀਆਂ ਤਰੁੱਟੀਆਂ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੂਰ ਕਰਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 19-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 07 ਨਵੰਬਰ , 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਿਕਰਮਜੀਤ ਸਿੰਘ ਛਾਛੀ, (94639-40586)
120 -ਬੀ /1 ਨਾਗਰਾ ਹਾਊਸ,
ਟੀ.ਬੀ. ਹਸਪਤਾਲ ਰੋਡ, ਪਟਿਆਲਾ-147001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ। --------ਉੱਤਰਦਾਤਾ

**ਅਪੀਲ ਕੇਸ ਨੰ: 1879/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ੍ਰੀ ਤਾਰੂਨ ਕੁਮਰ ਵਕੀਲ (93158-80009)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਾਬਾ ਫਰੀਦ ਯੂਨੀਵਰੀਸਟੀ ਆਫ਼ ਹੈਲਥ ਸਾਇੰਸਿਜ਼ ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਹੀਨਾ ਜਲਾਈ ਅਤੇ ਅਗਸਤ, 2018 ਨਾਲ ਸਬੰਧਤ ਆਰ.ਟੀ.ਆਈ. ਐਕਟ ਅਧੀਨ ਪ੍ਰਾਪਤ ਹੋਈਆਂ ਅਰਜ਼ੀਆਂ/ਅਪੀਲਾਂ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 17-10-2019 ਨੂੰ ਅਪੀਲਕਰਤਾ ਪੇਸ਼ ਹੋਇਆ, ਉਸ ਵਲੋਂ ਦਸਿਆ ਗਿਆ ਸੀ ਕਿ ਉਸਨੂੰ ਅੱਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸ ਵਲੋਂ ਮਿਤੀ ਲੈਣ ਲਈ ਫੋਨ ਕੀਤਾ ਗਿਆ ਪਰ ਉਸ ਨੂੰ ਕੋਈਂ ਮਿਤੀ ਨਹੀਂ ਦਸੀ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਪੇਸ਼ ਸ੍ਰੀ ਤਾਰੂਨ ਕੁਮਾਰ ਵਕੀਲ ਵਲੋਂ ਇੰਸਪੈਕਸ਼ਨ ਕਰਾਉਣ ਦਾ ਭਰੋਸਾ ਦਿੱਤਾ ਗਿਆ। ਦੋਨਾਂ ਧਿਰਾਂ ਵਲੋਂ ਦਸੀ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਘਟੋ ਘੱਟ 6 ਦਿਨ ਪਹਿਲਾਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਉਸ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਦੀ ਇੰਸਪੈਕਸ਼ਨ ਕਰਵਾ ਦਿੱਤੀ ਜਾਵੇ। ਇਸ ਦੇ ਨਾਲ ਹੀ ਅਗਲੀ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 06-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।ਜਿਸ ਦੋਰਾਨ ਉੱਤਰਦਾਤਾ ਵਲੋਂ ਦੱਸਿਆ ਗਿਆ ਸੀ ਕਿ ਅਪੀਲਕਰਤਾ ਵਲੋਂ ਰਿਕਾਰਡ ਦੀ ਇੰਸਪੈਕਸ਼ਨ ਕਰ ਲਈ ਗਈ ਹੈ ਅਤੇ ਉਹ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਪਰ ਇਸ ਸਬੰਧ ਵਿਚ ਉੱਤਰਦਾਤਾ ਵਲੋਂ ਲਿਖਤੀ ਰੂਪ ਵਿਚ ਕੋਈ ਪੱਤਰ ਪੇਸ਼ ਨਹੀਂ ਕੀਤਾ ਗਿਆ, ਉਸ ਵਲੋਂ ਇਸ ਸਬੰਧ ਵਿਚ ਸਮੇਂ ਦੀ ਮੰਗ ਕੀਤੀ ਗਈ । ਇਸ ਲਈ ਇਹ ਅਪੀਲ ਕੇਸ ਅਗਲੀ ਸੁਣਵਾਈ ਮਿਤੀ 07-11-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਹੋਣ ਸਬੰਧੀ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵੱਲੋਂ ਸ੍ਰੀ ਤਾਰੂਨ ਕੁਮਰ ਵਕੀਲ ਹਾਜ਼ਰ ਹੋਏ। ਉਨ੍ਹਾਂ ਵਲੋਂ ਈ.ਮੇਲ. ਮਿਤੀ 06-11-2019 ਪੇਸ਼ ਕੀਤੀ ਗਂਈ ਜਿਸ ਅਨੁਸਾਰ ਉੱਤਰਦਾਤਾ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 1879/2019

ਰਿਕਾਰਡ ਦੀ ਇੰਸਪੈਕਸ਼ਨ ਕਰ ਲਈ ਗਈ ਹੈ ਅਤੇ ਉਹ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉਪਰੋਕਤ ਅਨੁਸਾਰ ਉੱਤਰਦਾਤਾ ਵਲੋਂ ਭੇਜੇ ਗਏ ਜਵਾਬ ਮਿਤੀ 06-11-2019 ਅਨੁਸਾਰ ਉਨ੍ਹਾਂ ਵਲੋਂ ਦਸਿਆ ਗਿਆ ਹੈ ਕਿ ਅਪੀਲਕਰਤਾ ਵਲੋਂ ਰਿਕਾਰਡ ਦੀ ਇੰਸਪੈਕਸ਼ਨ ਕਰ ਲਈ ਗਈ ਹੈ ਅਤੇ ਉਹ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

((ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 07 **ਨਵੰਬਰ** , 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਵਿਸ਼ਾ: ਅਪੀਲ ਕੇਸ ਨੰ: 3230 ਆਫ 2017 ਮੀਨਾ ਕੁਮਾਰੀ ਬਨਾਮ ਪੀ.ਆਈ.ਓ., ਡੀਨ ਰਿਸਰਚ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਪਹਿਲੀ ਅਥਾਰਟੀ, ਡੀਨ ਅਕੈਡਮਿਕ ਅਫੇਅਰ, ਪੰਜਾਬੀ ਯੂਨੀਵਰਿਸਟੀ,ਪਟਿਆਲਾ

ਉਕਤ ਕੇਸ ਦੀ ਸੁਣਵਾਈ ਪਹਿਲਾਂ ਸ੍ਰੀ ਹੇਮ ਇੰਦਰ ਸਿੰਘ, ਰਾਜ ਸੂਚਨਾ ਕਮਿਸ਼ਨਰ ਵਲੋਂ ਕੀਤੀ ਗਈ ਸੀ। ਜ਼ੋ ਕਿ ਉਨ੍ਹਾਂ ਦੇ ਹੁਕੱਮ ਮਿਤੀ 06-08-2019 ਰਾਹੀਂ ਰਜਿਸਟਰੀ ਬਰਾਂਚ ਨੂੰ ਭੇਜ਼ ਦਿੱਤੀ ਗਈ ਸੀ । ਇਸ ਉਪਰੰਤ ਇਸ ਕੇਸ ਦੀ ਸੁਣਵਾਈ ਲਈ ਤਿੰਨ ਕਮਿਸ਼ਨਰਾਂ ਦਾ ਫੂਲ ਬੈਂਚ ਗਠਿਤ ਕੀਤਾ ਗਿਆ ਸੀ ਜਿਸ ਵਿਚ ਮਾਨਯੋਗ ਸਰਦਾਰ ਨਿਧੱੜਕ ਸਿੰਘ ਬਰਾੜ, ਰਾਜ ਸੂਚਨਾ ਕਮਿਸ਼ਨਰ, ਸ੍ਰੀ ਹੇਮ ਇੰਦਰ ਸਿੰਘ, ਰਾਜ ਸੂਚਨਾ ਕਮਿਸ਼ਨਰ ਅਤੇ ਸ੍ਰੀ ਸੰਜੀਵ ਗਰਗ, ਰਾਜ ਸੂਚਨਾ ਕਮਿਸ਼ਨਰ ਜੀ ਸ਼ਾਮਲ ਕੀਤਾ ਗਿਆ ਸੀ। ਇਸ ਕੇਸ ਦੀ ਸੁਣਵਾਈ ਮਿਤੀ 16-10-2019 ਨੂੰ ਨਿਸਚਿਤ ਕੀਤੀ ਗਈ ਸੀ, ਇਸ ਉਪਰੰਤ ਇਹ ਕੇਸ ਮਿਤੀ 17-10-2019 ਨੂੰ ਮੁਲਤੱਵੀ ਕੀਤਾ ਗਿਆ ਅਤੇ ਇਸ ਉਪਰੰਤ ਇਹ ਕੇਸ ਮਿਤੀ 06-11-2019 ਨੂੰ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ। ਪਰ ਮਾਣਯੋਗ ਸ੍ਰੀ ਸੰਜੀਵ ਗਰਗ, ਰਾਜ ਸੂਚਨਾ ਕਮਿਸ਼ਨਰ ਜੀ ਜ਼ਰੂਰੀ ਕੰਮ ਹੋਣ ਕਾਰਨ ਹਾਜ਼ਰ ਨਹੀਂ ਸਨ। ਇਸ ਲਈ ਅਪੀਲ ਕਰਤਾ ਵਲੋਂ ਹਾਜ਼ਰ ਹੋ ਕੇ ਬੇਨਤੀ ਕੀਤੀ ਗਈ ਕਿ ਉਹ ਆਪਣੀ ਗੱਲ/ਦਲੀਲ ਫੂਲ ਬੈਂਚ ਦੀ ਹਾਜ਼ਰੀ ਵਿਚ ਹੀ ਪੇਸ਼ ਕਰੇਗਾ। ਇਸ ਲਈ ਇਹ ਕੇਸ ਮਿਤੀ 07-11-2019 ਨੂੰ 1.30 ਵਜੇ ਦੁਪਹਿਰ ਲਈ ਨਿਸਚਿਤ ਕੀਤਾ ਗਿਆ ਸੀ।

ਅੱਜ ਮਿਤੀ 07-11-2019 ਨੂੰ ਫੂਲ ਬੈਂਚ ਦੇ ਸਾਹਮਣੇ ਦੋਨਾਂ ਧਿਰਾਂ ਹਾਜ਼ਰ ਹੋਈਆਂ। ਅਪੀਲਕਰਤਾ ਵਲੋਂ ਸ੍ਰੀ ਐਸ.ਪੀ.ਵਰਮਾ,ਹਾਜ਼ਰ ਹੋਏ ਅਤੇ ਉੱਤਰਦਾਤਾ ਵਲੋਂ ਸ੍ਰੀ ਐਂਜਲ ਸ਼ਰਮਾਂ, ਵਕੀਲ ਪੇਸ਼ ਹੋਏ। ਅਪੀਲਕਰਤਾ ਦੇ ਨੁਮਾਇਦੇ ਸ੍ਰੀ ਐਸ.ਪੀ.ਵਰਮਾ ਵਲੋਂ ਫੂਲ ਬੈਂਚ ਸਾਹਮਣੇ ਇਕ ਪੱਤਰ ਮਿਤੀ 07-11-2019 ਪੇਸ਼ ਕੀਤਾ ਗਿਆ ਜ਼ੋ ਕਿ ਮਾਣਯੋਗ ਚੀਫ, ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਨੂੰ ਸੰਬੋਧਤ ਸੀ ਅਤੇ ਕਾਪੀ ਸਬੰਧਤ ਬੈਂਚ ਦੇ ਮੈਬਰਾਂ ਨੂੰ ਕੀਤੀ ਗਈ ਸੀ। ਉਸ ਵਲੋਂ ਹਾਜ਼ਰ ਹੋ ਕੇ ਇਹ ਪੱਤਰ ਸਮੂਹ ਬੈਂਚ ਦੇ ਮੈਬਰਾਂ ਨੂੰ ਦਿੱਤੀ ਗਈ ਅਤੇ ਬੇਨਤੀ ਕੀਤੀ ਗਈ ਕਿ ਇਸ ਕੇਸ ਦੀ ਸੁਣਵਾਈ ਗਠਤ ਕੀਤੇ ਗਏ ਬੈਂਚ ਪਾਸੋਂ ਨਹੀਂ ਕਰਵਾਉਣਾ ਚਾਹੁੰਦਾ। ਉਸ ਵਲੋਂ ਦਸਿਆ ਗਿਆ ਹੈ ਕਿ ਮਾਣਯੋਗ ਸ੍ਰੀ ਹੇਮ ਇੰਦਰ ਸਿੰਘ, ਐਸ.ਆਈ.ਸੀ. ਜੀ ਵਲੋਂ ਮਿਤੀ 26-02-2019 ਨੂੰ ਹੁੱਕਮ ਪਾਸ ਕੀਤੇ ਗਏ ਸਨ ਅਤੇ ਉਹ ਆਪਣੇ ਹੀ ਹੁਕੱਮਾਂ ਨੂੰ ਰੀਵਿਉ ਨਹੀਂ ਕਰ ਸਕਦੇ ਅਤੇ ਮਾਣਯੋਗ ਸ੍ਰੀ ਨਿਧੱੜਕ ਸਿੰਘ ਬਰਾੜ ਰਾਜ ਸੂਚਨਾ ਕਮਿਸ਼ਨਰ ਜੀ ਦੇ ਸਬੰਧ ਵਿਚ ਦਸਣਾ ਚਾਹੁੰਦਾ ਹਾਂ ਕਿ ਉਨ੍ਹਾਂ ਪਾਸ ਉਸਦੇ ਪਹਿਲਾਂ ਵੀ ਸੁਣਵਾਈ ਲਈ ਜ਼ੋ ਕੇਸ ਲਗਦੇ ਰਹੇ ਹਨ ਉਨ੍ਹਾਂ ਕੇਸਾਂ ਵਿਚ ਮੇਰੀ ਸਬਮਿਸ਼ਨ ਨੂੰ ਧਿਆਨ ਵਿਚ ਨਹੀਂ ਰਖਿਆ ਗਿਆਸੀ, ਇਸ ਲਈ ਉਨ੍ਹਾਂ ਵਲੋਂ ਇਸ ਕੇਸ ਵਿਚ ਵੀ ਪੱਖ ਪਾਤ( Biased) ਕੀਤਾ ਜਾ ਸਕਦਾ ਹੈ।

ਉਪਰੋਕਤ ਤੱਥਾਂ ਨੂੰ ਧਿਆਨ ਵਿਚ ਰਖੱਦੇ ਹੋਏ ਕਮਿਸ਼ਨ ਦਾ ਇਹ ਫੈਸਲਾ ਹੈ ਕਿ ਇਹ ਕੇਸ ਮਾਣਯੋਗ ਚੀਫ ਇੰਨਫਰਮੇਸ਼ਨ ਕਮਿਸ਼ਨਰ ਪੰਜਾਬ ਜੀ ਨੂੰ ਭੇਜਣਾ ਬਣਦਾ ਹੈ ਅਤੇ ਉਨ੍ਹਾਂ ਦੇ ਫੈਸਲੇ ਉਪਰੰਤ ਹੀ ਅਗਲੀ ਕਾਰਵਾਈ ਕੀਤੀ ਜਾ ਸਕਦੀ ਹੈ। ਇਸ ਲਈ ਮਿਸਲ ਮੂਲ ਰੂਪ ਵਿਚ ਡਿਪਟੀ ਰਜਿਸਟਰਾਰ, ਰਜਿਸਟਰੀ ਸ਼ਾਖਾ ਨੂੰ ਅਗਲੇਰੀ ਕਾਰਵਾਈ ਹਿੱਤ ਵਾਪਸ ਭੇਜੀ ਜਾਂਦੀ ਹੈ।

| | | |
|---|---|---|
| (ਹੇਮ ਇੰਦਰ ਸਿੰਘ) | ( ਸੰਜੀਵ ਗਰਗ ) | (ਨਿਧੱੜਕ ਸਿੰਘ ਬਰਾੜ) |
| ਐਸ.ਆਈ.ਸੀ. (ਐਚ.ਆਈ.ਐਸ) | ਐਸ.ਆਈ.ਸੀ. (ਜ਼ੀ) | ਐਸ.ਆਈ.ਸੀ. (ਐਨ) |
| 07-11-2019 | 07-11-2019 | 07-11-2019 |

ਡੀ.ਆਰ.